# ਨਗਰ ਨਿਗਮ ਹੁਸ਼ਿਆਰਪੁਰ
# ਪ੍ਰੈਸ ਨੋਟ

## ਨਗਰ ਨਿਗਮ ਦੀਆਂ ਦੁਕਾਨਾਂ/ਪ੍ਰਾਪਰਟੀ ਦੇ 20 ਸਾਲ ਤੋਂ ਕਾਬਜ ਕਿਰਾਏਦਾਰ, ਸਬਲੈਟੀ ਅਤੇ ਲਾਈਸੰਸੀ ਮਾਲਕਾਨਾਂ ਹੱਕ ਲੈਣ ਸਬੰਧੀ ਲਾਗੂ ਕੀਤੀ ਗਈ ਸਕੀਮ ਦਾ ਵੱਧ ਤੋਂ ਵੱਧ ਲਾਭ ਲੈਣ...ਮੇਅਰ ਸ਼ਿਵ ਸੂਦ

ਹਸ਼ਿਆਰਪੁਰ 28 ਦਸੰਬਰ ਨਗਰ ਨਿਗਮ ਦੇ ਮੇਅਰ ਸ਼ਿਵ ਸੂਦ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਦੇ ਸਥਾਨਕ ਸਰਕਾਰਾਂ ਵਿਭਾਗ ਵੱਲੋਂ 14 ਦਸੰਬਰ 2016 ਨੂੰ ਜਾਰੀ ਕੀਤੇ ਨੋਟੀਫਿਕੇਸ਼ਨ ਅਨੁਸਾਰ ਨਗਰ ਨਿਗਮ ਦੀਆਂ ਦੁਕਾਨਾਂ/ਪ੍ਰਾਪਰਟੀ ਵਿੱਚ ਪਿਛਲੇ 20 ਸਾਲ ਤੋਂ ਕਾਬਜ ਕਿਰਾਏਦਾਰ, ਸਬਲੈਟੀ ਅਤੇ ਲਾਈਸੰਸੀ ਨੂੰ ਮਾਲਕਾਨਾਂ ਹੱਕ ਦੇਣ ਸਬੰਧੀ ਸਕੀਮ ਲਾਗੂ ਕੀਤੀ ਹੈ, ਜਿਸ ਤਹਿਤ ਨਗਰ ਨਿਗਮ ਦੀਆਂ ਦੁਕਾਨਾਂ ਦੇ ਕਿਰਾਏਦਾਰ ਪੰਜਾਬ ਸਰਕਾਰ ਦੇ ਸਥਾਨਕ ਸਰਕਾਰਾਂ ਵਿਭਾਗ ਵੱਲੋਂ 14 ਦਸੰਬਰ 2016 ਨੂੰ ਜਾਰੀ ਕੀਤੇ ਨੋਟੀਫਿਕੇਸ਼ਨ ਤੋਂ 3 ਮਹਿਨੇ ਦੇ ਅੰਦਰ ਆਪਣੀਆਂ ਦਰਖਾਸਤਾਂ ਨਗਰ ਨਿਗਮ ਦੇ ਦਫ਼ਤਰ ਵਿੱਚ ਦੇ ਸਕਦੇ ਹਨ। ਇਸ ਸਬੰਧੀ ਵਧੇਰੇ ਜਾਣਕਾਰੀ ਲੈਣ ਲਈ ਨਗਰ ਨਿਗਮ ਦੇ ਦਫ਼ਤਰ ਵਿਖੇ ਕੰਮਕਾਜ ਵਾਲੇ ਦਿਨ ਸੰਪਰਕ ਕਰਕੇ ਨਗਰ ਨਿਗਮ ਦੀਆਂ ਦੁਕਾਨਾਂ ਦੇ ਕਾਬਜ ਕਿਰਾਏਦਾਰ, ਸਬਲੈਟੀ ਅਤੇ ਲਾਈਸੰਸੀ ਇਸ ਸਕੀਮ ਦਾ ਵੱਧ ਤੋਂ ਵੱਧ ਉਠਾਉਣ।